ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜਿਲ੍ਹਾ ਮੈਜਿਸਟ੍ਰੇਟ ਵੱਲੋਂ ਸਰਕਾਰੀ ਸੰਸਥਾਵਾਂ ਦੀ ਕਰਫਿਊ ਦੌਰਾਨ ਰਾਖੀ ਕਰਨ ਲਈ ਠੀਕਰੀ ਪਹਿਰੇ ਦੇ ਆਦੇਸ਼

### ਹੁਕਮ 31 ਮਈ 2020 ਤੱਕ ਲਾਗੂ ਰਹਿਣਗੇ

ਫਰੀਦਕੋਟ 3 ਅਪ੍ਰੈਲ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਨੇ ਮਿਤੀ 23 ਮਾਰਚ 2020 ਤੋਂ ਜਿਲ੍ਹੇ ਵਿੱਚ ਲਗਾਏ ਗਏ ਕਰਫਿਊ ਉਪਰੰਤ ਜਾਬਤਾ ਫੌਜਦਾਰੀ ਸੰਘਤਾ 1973 ਦੀ ਧਾਰਾ 44 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪਿੰਡਾਂ/ਸ਼ਹਿਰਾਂ ਵਿੱਚ ਸਰਕਾਰੀ ਸੰਸਥਾਨ/ਸਰਕਾਰੀ ਜਾਇਦਾਦ ਦੀ ਰਾਖੀ ਲਈ ਜਿਲ੍ਹੇ ਫਰੀਦਕੋਟ ਦੀ ਹਦੂਦ ਅੰਦਰ ਪਿੰਡਾਂ ਦੀਆਂ ਸਮੂਹ ਪੰਚਾਇਤਾਂ ਦੇ ਮੁੱਖੀਆਂ ਨੂੰ ਠੀਕਰੀ ਪਹਿਰਾ ਲਗਵਾਉਣ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ 31 ਮਈ 2020 ਤੱਕ ਲਾਗੂ ਰਹਿਣਗੇ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਪੰਜਾਬ ਵਿੱਚ ਕੋਵਿਡ-19 ਕਰਕੇ ਕਰਫਿਊ ਲਾਗੂ ਕੀਤਾ ਗਿਆ ਹੈ। ਇਸ ਦੌਰਾਨ ਕੋਈ ਸ਼ਰਾਰਤੀ ਅਨਸਰ ਮੌਕੇ ਦਾ ਫਾਇਦਾ ਉਠਾ ਕੇ ਕਿਸੇ ਵੀ ਸਰਕਾਰੀ ਸੰਸਥਾਨ/ਸਰਕਾਰੀ ਜਾਇਦਾਦ ਅਤੇ ਮਨੁੱਖੀ ਜਾਨ ਨੂੰ ਖਤਰਾ/ਨੁਕਸਾਨ ਪਹੁੰਚਾ ਸਕਦੇ ਹਨ। ਇਸ ਸਭ ਦੇ ਮੱਦੇਨਜ਼ਰ ਸਰਕਾਰੀ ਸੰਸਥਾਨ/ਸਰਕਾਰੀ ਜਾਇਦਾਦ ਦੀ ਰਾਖੀ ਕਰਨ ਲਈ ਪਿੰਡਾਂ ਦੇ ਸਮੂਹ ਪੰਚਾਇਤਾਂ ਦੇ ਮੁੱਖੀਆਂ ਨੂੰ ਠੀਕਰੀ ਪਹਿਰੇ ਲਗਵਾਉਣ ਦੇ ਆਦੇਸ਼ ਦਿੱਤੇ ਗਏ ਹਨ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸ਼ਹਿਰਾਂ ਨੂੰ ਸੈਨੇਟਾਈਜ਼ ਕਰਨ ਅਤੇ ਫੋਗਿੰਗ ਦਾ ਕੰਮ ਲਗਾਤਾਰ ਜਾਰੀ

ਨਗਰ ਕੌਂਸਲ ਦੀਆਂ 7 ਟੀਮਾਂ ਨਿਰੰਤਰ ਆਪਣੇ ਕੰਮ ਵਿੱਚ ਜੁੱਟੀਆ

ਕਰੋਨਾ ਖਿਲਾਫ ਜੰਗ ਵਿੱਚ ਨਗਰ ਕੌਂਸਲ ਦੇ ਅਧਿਕਾਰੀ, ਕਰਮਚਾਰੀ ਤੇ ਸਫਾਈ ਸੇਵਕ ਦਿਨ ਰਾਤ ਕਰ ਰਹੇ ਹਨ ਕੰਮ

ਫਰੀਦਕੋਟ 3 ਅਪ੍ਰੈਲ ( ) ਜਿਲ੍ਹਾ ਮੈਜਿਸਟ੍ਰੇਟ ਕਮ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਕਰੋਨਾ ਦੀ ਮਹਾਂਮਾਰੀ ਖਿਲਾਫ ਵਿੱਢੀ ਗਈ ਜੰਗ ਤਹਿਤ ਸ਼ਹਿਰ ਨੂੰ ਸੈਨੇਟਾਈਜ਼ ਕਰਨ, ਫੋਗਿੰਗ ਕਰਨ, ਸ਼ਹਿਰ ਦੀ ਸਫਾਈ ਅਤੇ ਲੋੜਵੰਦਾਂ ਤੱਕ ਜ਼ਰੂਰੀ ਵਸਤਾਂ ਪਹੁੰਚਾਉਣ ਵਿੱਚ ਨਗਰ ਕੌਂਸਲ ਦੇ ਅਧਿਕਾਰੀ, ਕਰਮਚਾਰੀ ਸਮੇਤ ਸਾਰੇ ਸਫਾਈ ਕਰਮਚਾਰੀ ਦਿਨ ਰਾਤ ਕੰਮ ਕਰ ਰਹੇ ਹਨ ਤਾਂ ਜੋ ਸ਼ਹਿਰ ਵਾਸੀਆਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਇਹ ਜਾਣਕਾਰੀ ਨਗਰ ਕੌਂਸਲ ਦੇ ਈ.ਓ. ਸ੍ਰੀ ਅੰਮ੍ਰਿਤ ਲਾਲ ਨੇ ਦਿੱਤੀ।

ਸ਼ਹਿਰ ਦੀ ਸਫਾਈ ਅਤੇ ਸੈਨੇਟਾਈਜੇਸ਼ਨ ਤੇ ਹੋਰ ਕੰਮਾਂ ਦੀ ਨਿਗਰਾਨੀ ਕਰ ਰਹ ਰਹੇ ਸੈਨੇਟਰੀ ਇੰਸਪੈਕਟਰ ਸ੍ਰੀ ਹਰਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਫੋਗਿੰਗ ਅਤੇ ਸ਼ਹਿਰ ਨੂੰ ਸੈਨੇਟਾਈਜ਼ ਕਰਨ ਲਈ ਕੁੱਲ 7 ਟੀਮਾਂ ਲਗਾਤਾਰ ਕੰਮ ਕਰਹੀਆਂ ਹਨ, ਜਿੰਨਾ ਵਿੱਚ 14 ਮੈਂਬਰ, 2 ਸੁਪਰਵਾਈਜ਼ਰ, 1 ਫਾਇਰ ਟੈਂਡਰ, 2 ਫਾਇਰ ਮੈਨ ਕੰਮ ਕਰ ਰਹੇ ਹਨ ਅਤੇ ਸ਼ਹਿਰ ਦੇ ਜ਼ਿਆਦਾਤਰ ਸਲੱਮ ਏਰੀਏ ਨੂੰ ਹੁਣ ਤੱਕ ਸੈਨੇਟਾਈਜ਼ ਕੀਤਾ ਜਾ ਚੁੱਕਾ ਹੈ ਅਤੇ ਇਨ੍ਹਾਂ ਇਲਾਕਿਆਂ ਵਿੱਚ ਫੋਗਿੰਗ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ ਜੋਗੀਆ ਵਾਲੀ ਬਸਤੀ, ਸਰਕਾਰੀ ਕੋਠੀਆਂ/ਕੁਆਟਰਾਂ, ਮੈਡੀਕਲ ਕਾਲਜ ਦੇ ਕੁਆਟਰ, ਕੇਂਦਰੀ ਜੇਲ, ਲੰਗਰ ਬਣਾਉਣ ਵਾਲੀਆਂ ਥਾਵਾਂ ਸਮੇਤ ਕਈ ਇਲਾਕਿਆਂ ਵਿੱਚ ਫੋਗਿੰਗ ਕੀਤੀ ਗਈ ਹੈ ਅਤੇ ਇਨ੍ਹਾਂ ਇਲਾਕਿਆਂ ਨੂੰ ਸਪਰੇਅ ਦੁਆਰਾ ਸੈਨੇਟਾਈਜ਼ ਕੀਤਾ ਗਿਆ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਸ਼ਹਿਰ ਦੇ 25 ਵਾਰਡਾਂ ਵਿੱਚ 250 ਸਫਾਈ ਮੁਲਾਜ਼ਮਾਂ ਘਰ ਘਰ ਜਾ ਕੇ ਕੂੜਾ ਇਕੱਠਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦਿਨਾਂ ਵਿੱਚ ਕਿਸੇ ਵੀ ਸਫਾਈ ਕਰਮਚਾਰੀ ਨੂੰ ਛੁੱਟੀ ਨਹੀਂ ਦਿੱਤੀ ਜਾ ਰਹੀ ਅਤੇ ਸਫਾਈ ਸੇਵਕ ਲਗਾਤਾਰ ਸਫਾਈ ਕੰਮਾਂ ਵਿੱਚ ਜੁੱਟੇ ਹਨ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਕਣਕ ਕੱਟਣ ਵਾਲੀਆਂ ਕੰਬਾਈਨਾਂ ਦੇ ਕਰਫਿਊ ਦੋਰਾਨ ਇੱਕ-ਦੂਜੇ ਰਾਜ ਵਿੱਚ ਜਾਣ ਤੇ ਕੋਈ ਰੋਕ ਨਹੀਂ -ਜ਼ਿਲ੍ਹਾ ਮੈਜਿਸਟ੍ਰੇਟ

ਇੱਕ ਕੰਬਾਈਨ ਨਾਲ ਦੋ ਤੋਂ ਵੱਧ ਵਿਅਕਤੀ ਨਹੀਂ ਜਾ ਸਕਣਗੇ

ਫਰੀਦਕੋਟ 3 ਅਪ੍ਰੈਲ -( ) ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਸ੍ਰੀ ਕੁਮਾਰ ਸੌਰਵ ਰਾਜ ਨੇ ਦੱਸਿਆ ਕਿ ਪੰਜਾਬ ਸਮੇਤ ਕਈ ਰਾਜਾਂ ਵਿੱਚ ਕਰੋਨਾ ਮਹਾਂਮਾਰੀ ਤੋ ਬਚਾਅ ਲਈ ਲੱਗੇ ਹੋਏ ਕਰਫ਼ਿਊ ਅਤੇ ਪੂਰੇ ਦੇਸ਼ ਵਿੱਚ ਲਾਕ ਡਾਊਨ ਕਾਰਨ ਭਾਰਤ ਦੇ ਗ੍ਰਹਿ ਮੰਤਰਾਲੇ ਵੱਲੋਂ ਆਰਡਰ ਨੰ: 40-3/2020 DM-I (A) ਮਿਤੀ 24 ਮਾਰਚ 2020 ਰਾਹੀਂ ਕਿਸਾਨਾਂ ਲਈ ਵਿਸ਼ੇਸ਼ ਛੋਟਾਂ , ਸ਼ਰਤਾਂ ਸਹਿਤ ਜਾਰੀ ਕੀਤੀਆਂ ਗਈਆਂ ਹਨ ।ਜਿਨ੍ਹਾਂ ਵਿੱਚ ਕਿਸਾਨਾਂ ਨੂੰ ਕਣਕ ਕੱਟਣ ਵਾਲੀਆਂ ਕੰਬਾਈਨਾਂ (ਹਾਰਵੈਸਟ ਕੰਬਾਈਨ) ਨੂੰ ਇੱਕ ਤੋਂ ਦੂਜੇ ਰਾਜ ਵਿੱਚ ਲਿਜਾਣ ਲਈ ਖੁੱਲ੍ਹ ਦਿੱਤੀ ਗਈ ਹੈ ।ਉਨ੍ਹਾਂ ਦੱਸਿਆ ਕਿ ਇੱਕ ਕੰਬਾਈਨ ਨਾਲ ਦੋ ਤੋਂ ਵੱਧ ਵਿਅਕਤੀ ਨਹੀਂ ਜਾ ਸਕਣਗੇ ਅਤੇ ਉਨ੍ਹਾਂ ਨੂੰ ਕੇਂਦਰ ਤੇ ਸਬੰਧਿਤ ਰਾਜ ਸਰਕਾਰ ਵੱਲੋਂ ਜਾਰੀ ਵੱਖ ਵੱਖ ਹਦਾਇਤਾਂ ਦੀ ਪਾਲਣਾ ਕਰਨੀ ਪਵੇਗੀ।

ਜ਼ਿਲ੍ਹਾ ਲੋਕ ਸੰਪਰਕ ਅਫਸਰ,ਫਰੀਦਕੋਟ

– ਕਰੋਨਾ ਖਿਲਾਫ ਜੰਗ ਵਿਚ ਸਵੈ ਸੇਵੀ ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਅਤੇ ਪੰਚਾਇਤਾਂ ਦਾ ਵੱਡਮੁੱਲਾ ਯੋਗਦਾਨ- ਕੁਸ਼ਲਦੀਪ ਸਿੰਘ ਢਿੱਲੋਂ

– ਸੰਸਥਾਵਾਂ/ਪੰਚਾਇਤਾਂ ਵੱਲੋਂ ਲੋੜਵੰਦਾਂ ਨੂੰ ਘਰ ਘਰ ਪਹੁੰਚਾਇਆ ਜਾ ਰਿਹਾ ਲੰਗਰ ਅਤੇ ਹੋਰ ਜ਼ਰੂਰੀ ਵਸਤਾਂ

– ਵਿਧਾਇਕ ਵੱਲੋਂ ਲੋਕਾਂ ਨੂੰ ਕਰਫਿਊ ਨਿਯਮਾਂ ਦੀ ਪਾਲਣਾ ਕਰਦਿਆਂ ਘਰਾਂ ਵਿਚ ਰਹਿਣ ਦੀ ਅਪੀਲ

ਫਰੀਦਕੋਟ 03 ਅਪ੍ਰੈਲ,2020 ( ) ਪੰਜਾਬ ਸਰਕਾਰ ਵੱਲੋਂ ਕਰੋਨਾ ਵਰਗੀ ਭਿਆਨਕ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੌਰਾਨ ਲੋੜਵੰਦਾਂ ਨੂੰ ਘਰ ਘਰ ਲੰਗਰ ਤੇ ਹੋਰ ਜ਼ਰੂਰੀ ਵਸਤਾਂ ਪਹੁੰਚਾਉਣ ਲਈ ਫਰੀਦਕੋਟ ਦੀਆਂ ਸਵੈ ਸੇਵੀ ਸੰਸਥਾਵਾਂ,ਧਾਰਮਿਕ ਜਥੇਬੰਦੀਆਂ ਅਤੇ ਪੰਚਾਇਤਾਂ ਦਾ ਵਡਮੁੱਲਾਂ ਯੋਗਦਾਨ ਹੈ ਤੇ ਫਰੀਦਕੋਟ ਦੇ ਵਸਨੀਕ ਉਨ੍ਹਾਂ ਦੇ ਇਸ ਮਾਨਵਤਾ ਪੱਖੀ ਪਰਉਪਕਾਰ ਲਈ ਹਮੇਸ਼ਾ ਉਨ੍ਹਾਂ ਦੇ ਰਿਣੀ ਰਹਿਣਗੇ।

ਇਹ ਪ੍ਰਗਟਾਵਾ ਫਰੀਦਕੋਟ ਤੋਂ ਵਿਧਾਇਕ ਅਤੇ ਮੁੱਖ ਮੰਤਰੀ ਪੰਜਾਬ ਦੇ ਸਿਆਸੀ ਸਲਾਹਕਾਰ ਸ ਕੁਸ਼ਲਦੀਪ ਸਿੰਘ ਢਿੱਲੋਂ ਨੇ ਕੀਤਾ।ਉਨ੍ਹਾਂ ਕਿਹਾ ਕਿ ਕਰੋਨਾ ਬਿਮਾਰੀ ਨੇ ਪੂਰੇ ਵਿਸ਼ਵ ਨੂੰ ਆਪਣੀ ਲਪੇਟ ਵਿਚ ਲਿਆ ਹੋਇਆ ਹੈ।ਮੁੱਖ ਮੰਤਰੀ ਵੱਲੋਂ ਵਿਖਾਈ ਗਈ ਸੂਝ-ਬੂਝ ਅਤੇ ਦੂਰਅੰਦੇਸ਼ੀ ਸੋਚ ਸਦਕਾ ਉਨ੍ਹਾਂ ਵੱਲੋਂ ਇਸ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਕਰਫਿਊ ਲਗਾਇਆ ਗਿਆ ਹੈ ਤੇ ਇਸ ਕਰਫਿਊ ਦੌਰਾਨ ਗਰੀਬ ਤੇ ਲੋੜਵੰਦਾਂ ਤੱਕ ਜ਼ਰੂਰੀ ਵਸਤਾਂ ਦਵਾਈਆਂ ਆਦਿ ਪਹੁੰਚਾਉਣ ਵਿਚ ਜਿਥੇ ਜ਼ਿਲ੍ਹਾ ਪ੍ਰਸ਼ਾਸਨ, ਰੈਡ ਕਰਾਸ ਸੰਸਥਾ ਭਰਪੂਰ ਯਤਨ ਕਰ ਰਹੀਆਂ ਹਨ ਉਥੇ ਜ਼ਿਲ੍ਹੇ ਦੀਆਂ ਸਵੈ ਸੇਵੀ ਸੰਸਥਾਵਾਂ ਵੱਲੋਂ ਵੀ ਲੋੜਵੰਦਾਂ ਲਈ ਲੰਗਰ ਦੀ ਨਿਸ਼ਕਾਮ ਸੇਵਾ ਕਰਕੇ ਆਪਣਾ ਇਤਿਹਾਸਿਕ ਤੇ ਵੱਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਫਰੀਦਕੋਟ ਵਾਸੀਆਂ ਵੱਲੋਂ ਅਤੇ ਨਿੱਜੀ ਤੌਰ ਤੇ ਇਨ੍ਹਾਂ ਸਵੈ ਸੇਵੀ, ਧਾਰਮਿਕ ਸੰਸਥਾਵਾਂ ਅਤੇ ਪੰਚਾਇਤਾਂ ਦਾ ਇਸ ਪਰਉਪਕਾਰ ਲਈ ਧੰਨਵਾਦ ਕਰਦੇ ਹਨ।

ਸ ਢਿੱਲੋਂ ਨੇ ਅੱਗੇ ਕਿਹਾ ਕਿ ਕਰੋਨਾ ਬਿਮਾਰੀ ਨੂੰ ਰੋਕਣ ਲਈ ਸਾਡੀ ਜੰਗ ਲੰਮੀ ਚੱਲ ਰਹੀ ਹੈ ਅਤੇ ਇਨ੍ਹਾਂ ਸੰਸਥਾਵਾਂ ਵੱਲੋਂ ਜਿਥੇ ਲੰਗਰ ਲਈ ਆਪਣੇ ਪੱਧਰ ਤੇ ਸੰਗਤਾਂ ਦੇ ਸਹਿਯੋਗ ਨਾਲ ਨਿਸ਼ਕਾਮ ਸੇਵਾ ਕੀਤੀ ਜਾ ਰਹੀ ਹੈ ਉਥੇ ਹੀ ਸਰਕਾਰ ਵੱਲੋਂ ਇਨ੍ਹਾਂ ਦੇ ਉਪਰਾਲੇ ਨੂੰ ਹੋਰ ਹੁਲਾਰਾ ਦੇਣ ਲਈ ਹੁਣ ਤੱਕ ਫਰੀਦਕੋਟ ਵਿਖੇ ਸੰਸਥਾਵਾਂ ਨੂੰ ਸੁੱਕੀ ਰਸਦ ਜਿਵੇ ਕਿ ਆਟਾ, ਦਾਲ, ਘਿਊ, ਤੇਲ, ਮਸਾਲੇ ਸਬਜ਼ੀਆਂ ਆਦਿ ਦੇ ਰੂਪ ਵਿਚ ਕਰੀਬ 4 ਲੱਖ ਰੁਪਏ ਦਾ ਰਾਸ਼ਨ ਮੁਹੱਈਆ ਕਰਵਾਇਆ ਗਿਆ ਹੈ ਤਾਂ ਜੋ ਇਹ ਸੇਵਾ ਨਿਰੰਤਰ ਜਾਰੀ ਰਹੇ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਆਪਣੇ ਘਰਾਂ ਵਿਚ ਹੀ ਰਹਿਣ ਤੇ ਬਾਹਰ ਬਿਲਕੁਲ ਨਾ ਨਿਕਲਣ। ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਹਰ ਲੋੜੀਂਦਾ ਸਮਾਨ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਲਈ ਪ੍ਰਬੰਧ ਕੀਤੇ ਗਏ ਹਨ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਪੰਚਾਇਤੀ ਵਿਭਾਗ ਵੱਲੋਂ 17 ਪੇਂਡੂ ਸਿਹਤ ਕੇਂਦਰਾਂ ਨੂੰ 30 ਕਿਸਮਾਂ ਦੀ ਜ਼ਰੂਰੀ ਦਵਾਈਆਂ ਸਪਲਾਈ

ਫਰੀਦਕੋਟ 3 ਅਪ੍ਰੈਲ () ਕਰੋਨਾ ਬਿਮਾਰੀ ਨੂੰ ਜਿਲ੍ਹੇ ਵਿੱਚ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੇ ਚਲਦੇ ਪੇਂਡੂ ਸਿਹਤ ਕੇਂਦਰਾਂ ਵਿੱਚ ਦਵਾਈਆਂ ਦੀ ਜ਼ਰੂਰੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਜਿਲ੍ਹਾ ਮੈਜਿਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਦੀ ਰਹਿਨੁਮਾਈ ਹੇਠ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਫਰੀਦਕੋਟ ਵੱਲੋਂ ਜਿਲ੍ਹੇ ਦੀਆਂ 17 ਸਬਸਿਡਰੀ ਸਿਹਤ ਕੇਂਦਰਾਂ ਵਿੱਚ ਅੱਜ 30 ਕਿਸਮ ਦੀਆਂ ਵੱਖ ਵੱਖ ਜ਼ਰੂਰੀ ਦਵਾਈਆਂ ਦੀ ਸਪਲਾਈ ਭੇਜੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜਿਲ੍ਹਾ ਪ੍ਰੀਸ਼ਦ ਦੇ ਮੁੱਖ ਕਾਰਜਕਾਰੀ ਅਫਸਰ ਸ੍ਰੀ ਬਲਜੀਤ ਸਿੰਘ ਕੈਂਥ ਨੇ ਦੱਸਿਆ ਕਿ ਜਿਲ੍ਹੇ ਦੇ ਸਬਸਿਡਰੀ ਕੇਂਦਰ ਅਰਾਈਆਂ ਵਾਲਾ, ਢਿੱਲਵਾਂ, ਸੰਧਵਾਂ, ਚੰਦਬਾਜਾ, ਚੰਦਭਾਨ, ਬਰਗਾੜੀ, ਬਿਸ਼ਨੰਦ, ਡੋਡ ਸਮੇਤ 17 ਸਿਹਤ ਕੇਂਦਰ ਪੰਚਾਇਤ ਵਿਭਾਗ ਅਧੀਨ ਆਉਂਦੇ ਹਨ ਵਿਖੇ ਅੱਜ ਪ੍ਰਤੀ ਸਿਹਤ ਕੇਂਦਰ ਨੂੰ 15 ਹਜ਼ਾਰ ਰੁਪਏ ਦੀਆਂ ਦਵਾਈਆਂ ਜਿਸ ਵਿੱਚ ਜ਼ਰੂਰੀ ਵਰਤੋਂ ਵਿੱਚ ਆਉਣ ਵਾਲੀਆਂ 30 ਕਿਸਮਾਂ ਦੀਆਂ ਦਵਾਈਆਂ ਸ਼ਾਮਲ ਸਨ ਸਬੰਧਤ ਬੀ.ਡੀ.ਪੀ.ਓਜ਼, ਰੂਰਲ ਮੈਡੀਕਲ ਅਫਸਰਾਂ ਵੱਲੋਂ ਸਬੰਧਤ ਸਟਾਫ ਨੂੰ ਸੌਂਪੀਆਂ ਗਈਆਂ । ਉਨ੍ਹਾਂ ਕਿਹਾ ਕਿ ਅਜਿਹਾ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਕਰਫਿਊ ਦੌਰਾਨ ਵੀ ਲੋਕਾਂ ਨੂੰ ਜ਼ਰੂਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ।

ਇਸ ਮੌਕੇ ਬੀ.ਡੀ.ਪੀ.ਓ. ਫਰੀਦਕੋਟ ਸ੍ਰੀ ਅਸ਼ੋਕ ਕੁਮਾਰ , ਬੀ.ਡੀ.ਪੀ.ਓ. ਕੋਟਕਪੂਰਾ, ਸ: ਹਰਮੇਲ ਸਿੰਘ ਬੰਗੀ ਅਤੇ ਮੈਡਮ ਨੀਰੂ ਗਰਗ ਬੀ.ਡੀ.ਪੀ.ਓ. ਜੈਤੋ , ਆਰ.ਐਮ.ਓ. ਡਾ. ਸੂਬਾ ਸਿੰਘ ਸਮੇਤ ਵਿਭਾਗ ਦੇ ਵੱਖ ਵੱਖ ਅਧਿਕਾਰੀ ਵੀ ਹਾਜ਼ਰ ਸਨ।